28 Oct-Jag-5-6-7-8.qxd 28-Oct-25 11:00 PM Page 4

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੱਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸੀ.ਐੱਚ.ਸੀ. ਸਿੱਧਵਾਂ ਬੇਟ ਵਿਖੇ ਨਵੇਂ ਆਏ ਐੱਸ.ਐੱਮ.ਓ. ਮੈਡਮ ਹਰਕੀਰਤ ਕੌਰ ਗਿੱਲ ਦਾ ਸਵਾਗਤ ਕਰਨ ਸਮੇਂ ਫੀਲਡ ਸਟਾਫ਼। ਤਸਵੀਰ: ਭੁਪਿੰਦਰ ਸਿੰਘ ਮੁਰਲੀ

ਐੱਸ.ਐੱਮ.ਓ. ਸਿੱਧਵਾਂ ਬੇਟ ਮੈਡਮ ਗਿੱਲ ਨੇ ਫੀਲਡ ਸਟਾਫ਼ ਨਾਲ ਕੀਤੀ ਮੀਟਿੰਗ

ਸਿੱਧਵਾਂ ਬੇਟ, 28 ਅਕਤੂਬਰ (ਜਸਵੰਤ ਸਿੰਘ ਸਲੇਮਪੁਰੀ)-ਸੀ.ਐੱਚ.ਸੀ. ਸਿੱਧਵਾਂ ਬੇਟ ਵਿਖੇ ਨਵੇਂ ਆਏ ਸੀਨੀਅਰ ਮੈਡੀਕਲ ਅਫ਼ਸਰ ਸ੍ਰੀਮਤੀ ਹਰਕੀਰਤ ਕੌਰ ਗਿੱਲ ਵਲੋਂ ਫੀਲਡ ਸਟਾਫ਼ ਨਾਲ ਪਹਿਲੀ ਮੀਟਿੰਗ ਕੀਤੀ। ਇਸ ਸਮੇਂ ਸਾਰੇ ਫੀਲਡ ਸਟਾਫ਼ ਵਲੋਂ ਸੀਨੀਅਰ ਮੈਡੀਕਲ ਅਫ਼ਸਰ ਦਾ ਸਵਾਗਤ ਕੀਤਾ ਅਤੇ ਜੀ ਆਇਆਂ ਕਿਹਾ ਗਿਆ। ਇਸ ਮੌਕੇ ਐੱਸ.ਐੱਮ.ਓ. ਮੈਡਮ ਗਿੱਲ ਨੇ ਸਾਰੇ ਸਟਾਫ਼ ਦਾ ਧੰਨਵਾਦ ਕੀਤਾ ਅਤੇ ਕੰਮ ਪ੍ਰਤੀ ਪੂਰੀ ਤਨਦੇਹੀ ਨਾਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਰਪਾਲ ਕੌਰ ਸਿੱਧਵਾਂ ਬੇਟ, ਪਿੰਦਰਜੀਤ ਕੌਰ, ਕਰਮਜੀਤ ਕੌਰ, ਸੁਖਜਿੰਦਰ ਕੌਰ, ਪਰਮਜੀਤ ਕੌਰ, ਮਹਿੰਦਰ ਕੌਰ, ਪਰਮਜੀਤ ਕੌਰ, ਰਿੰਪੀ ਰਾਣੀ, ਸਰਬਜੀਤ ਕੌਰ, ਇਕਬਾਲ ਕੌਰ, ਗੁਰਜੀਤ ਕੌਰ, ਨਰਿੰਦਰ ਕੌਰ, ਸਤਵੰਤ ਕੌਰ, ਪ੍ਰਦੀਪ ਕੌਰ ਅਤੇ ਸਮੂਹ ਫੀਲਡ ਸਟਾਫ਼ ਹਾਜ਼ਰ ਸੀ।

ਡਾਂਗੋਂ 'ਚ ਕਿਸਾਨ ਭਲਾਈ ਕੈਂਪ ਲਗਾਇਆ

ਡਾਂਗੋਂ 'ਚ ਲਗਾਏ ਕਿਸਾਨ ਭਲਾਈ ਕੈਂਪ ਦੌਰਾਨ ਖੇਤੀਬਾੜੀ ਬਲਾਕ ਅਫ਼ਸਰ ਗਗਨਦੀਪ ਕੌਰ, ਖੇਤੀਬਾੜੀ ਵਿਸਥਾਰ ਅਫ਼ਸਰ ਡਾ: ਦਵਿੰਦਰ ਸਿੰਘ ਖੋਸਾ ਤੇ ਹੋਰ। ਤਸਵੀਰ: ਖੁਸ਼ਵਿੰਦਰ ਸਿੰਘ ਸਰਾਭਾ

ਪੱਖੋਵਾਲ/ਸਰਾਭਾ, 28 ਅਕਤੂਬਰ (ਖੁਸ਼ਵਿੰਦਰ ਸਿੰਘ ਸਰਾਭਾ)-ਲਾਗਲੇ ਪਿੰਡ ਡਾਂਗੋਂ 'ਚ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਬਲਾਕ ਪੱਖੋਵਾਲ ਵਲੋਂ ਮੁੱਖ ਖੇਤੀਬਾੜੀ ਅਫ਼ਸਰ ਲੁਧਿਆਣਾ ਡਾ: ਗੁਰਦੀਪ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਬਲਾਕ ਖੇਤੀਬਾੜੀ ਅਫ਼ਸਰ ਗਗਨਦੀਪ ਕੌਰ ਦੀ ਅਗਵਾਈ ਹੇਠ ਕਿਸਾਨ ਭਲਾਈ ਕੈਂਪ ਲਗਾਇਆ ਗਿਆ। ਡਾ: ਦਵਿੰਦਰ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਦੀ ਨਿਗਰਾਨੀ ਹੇਠ ਸੀ.ਆਰ.ਐੱਮ ਸਕੀਮ ਦੇ ਆਈ.ਈ.ਸੀ ਕੰਪੋਨੈਂਟ ਅਧੀਨ ਲਗਾਏ ਇਸ ਪਿੰਡ ਪੱਧਰੀ ਕੈਂਪ ਦੌਰਾਨ ਡਾ: ਗਗਨਦੀਪ ਕੌਰ ਬਲਾਕ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਦੇ ਲਾਭ ਦੱਸਦਿਆਂ ਇਸ ਨੂੰ ਖੇਤਾਂ 'ਚ ਵਾਹ ਕੇ ਮਿੱਟੀ 'ਚ ਰਲਾਉਣ ਦੇ ਢੰਗ, ਸਰਕਾਰ ਵਲੋਂ ਪਰਾਲੀ ਨੂੰ ਮਿੱਟੀ 'ਚ ਮਿਲਾਉਣ ਲਈ ਲੋੜੀਂਦੇ ਸੰਦ ਪੂਸਾ ਡੀਕੰਪੋਜਰ, ਹੈਪੀ ਸੀਡਰ, ਸੁਪਰ ਐੱਸ.ਐੱਮ.ਐੱਸ, ਮਲਚਰ ਆਦਿ ਮੁਹੱਈਆ ਕਰਵਾਉਣ ਤੇ ਉਨ੍ਹਾਂ 'ਤੇ ਦਿੱਤੀ ਜਾ ਰਹੀ ਸਬਸਿਡੀ ਅਤੇ ਸੁਚੱਜੀ ਵਰਤੋਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਇਨ੍ਹਾਂ ਸਹੂਲਤਾਂ ਦਾ ਲਾਭ ਉਠਾਉਣ ਦੀ ਅਪੀਲ ਕੀਤੀ। ਇਸ ਮੌਕੇ ਖੇਤੀਬਾੜੀ ਵਿਸਥਾਰ ਅਫ਼ਸਰ ਡਾ: ਦਵਿੰਦਰ ਸਿੰਘ ਨੇ ਕੈਂਪ ਦੌਰਾਨ ਇਕੱਤਰ ਕਿਸਾਨਾਂ ਨੂੰ ਮਿੱਟੀ ਦੀ ਗੁਣਵੱਤਾ ਸੁਧਾਰਨ, ਫ਼ਸਲਾਂ ਦੀ ਕਾਸ਼ਤ ਤੋਂ ਪਹਿਲਾਂ ਇਸ ਦੀ ਜਾਂਚ ਕਰਵਾਉਣ ਅਤੇ ਸਰੋਂ ਆਰ.ਐੱਚ-1424 ਦੀ ਬੀਜ ਵੰਡ ਯੋਜਨਾ, ਫ਼ਸਲੀ ਵਿੰਭਿਨਤਾਂ ਬਾਰੇ ਭਰਪੂਰ ਜਾਣਕਾਰੀ ਦਿੱਤੀ।

ਐਂਟੀ ਡੇਂਗੂ ਜਾਗਰੂਕਤਾ ਮੁਹਿਮ ਦੌਰਾਨ ਮੱਛਰ ਮਾਰਨ ਵਾਲੀ ਦਵਾਈ ਦਾ ਛਿੜਕਾਅ ਕਰਵਾਉਣ ਸਮੇਂ ਐੱਸ.ਐੱਮ.ਓ. ਹਰਕੀਰਤ ਗਿੱਲ ਆਪਣੇ ਮੁਲਾਜ਼ਮਾਂ ਨਾਲ। ਤਸਵੀਰ: ਜਸਵੰਤ ਸਿੰਘ ਸਲੇਮਪੁਰੀ

ਮੱਛਰ ਮਾਰ ਦਵਾਈ ਦਾ ਛਿੜਕਾ ਕਰਵਾਇਆ

ਸਿੱਧਵਾਂ ਬੇਟ, 28 ਅਕਤੂਬਰ (ਜਸਵੰਤ ਸਿੰਘ ਸਲੇਮਪੁਰੀ)-ਸਿਵਲ ਸਰਜਨ ਲੁਧਿਆਣਾ ਡਾ. ਰਮਨਦੀਪ ਕੌਰ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ 'ਤੇ ਸਿਵਲ ਹਸਪਤਾਲ ਸਿੱਧਵਾਂ ਬੇਟ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਹਰਕੀਰਤ ਗਿੱਲ ਦੀ ਅਗਵਾਈ ਹੇਠ ਹਸਪਤਾਲ ਅਧੀਨ ਪੈਂਦੇ ਪਿੰਡਾਂ ਵਿਚ ਐਂਟੀ ਡੇਂਗੂ, ਚਿਕਨਗੁਨੀਆ, ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਮੁਹਿਮ ਚਲਾਈ ਗਈ। ਇਸ ਦੌਰਾਨ ਡਾ. ਹਰਕੀਰਤ ਗਿੱਲ ਨੇ ਦੱਸਿਆ ਕਿ ਡੇਂਗੂ ਬੁਖਾਰ ਮਾਦਾ ਏਡੀਜ਼ ਅਜਿਪਟੀ ਨਾ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਅਤੇ ਇਹ ਮੱਛਰ ਸਾਫ਼ ਅਤੇ ਖੜ੍ਹੇ ਪਾਣੀ ਦੇ ਸੋਮਿਆਂ ਵਿਚ ਪੈਦਾ ਹੁੰਦਾ ਹੈ। ਇਹ ਮੱਛਰ ਦਿਨ ਵੇਲੇ ਹੀ ਕੱਟਦਾ ਹੈ। ਇਸ ਦੇ ਕੱਟਣ ਨਾਲ ਤੇਜ਼ ਬੁਖਾਰ, ਸਿਰ ਦਰਦ, ਮਾਸਪੇਸ਼ੀਆਂ ਅਤੇ ਜੋੜਾਂ ਵਿਚ ਦਰਦ, ਅੱਖਾਂ ਦੇ ਪਿਛਲੇ ਹਿੱਸੇ ਵਿਚ ਦਰਦ, ਮਨ ਕੱਚਾ ਹੋਣਾ, ਤੁਲਟੀਆਂ ਅਤੇ ਮਸੂੜਿਆਂ ਵਿਚ ਖ਼ੂਨ ਵਗ ਪੈਣਾ ਡੇਂਗੂ ਬੁਖਾਰ ਦੇ ਖਾਸ ਲੱਛਣ ਹਨ। ਇਸ ਲਈ ਇਸ ਤੋਂ ਬਚਣ ਲਈ ਆਪਣੇ ਘਰਾਂ ਦੇ ਆਸਪਾਸ ਸਫ਼ਾਈ ਦਾ ਪੂਰਾ ਪ੍ਰਬੰਧ ਕੀਤਾ ਜਾਵੇ, ਘਰਾਂ ਵਿਚ ਪਏ ਗਮਲਿਆਂ, ਕੂਲਰਾਂ ਜਾਂ ਛੱਤਾਂ ਪਏ ਪੁਰਾਣੇ ਟਾਇਰ, ਬਰਤਨਾਂ ਵਿਚ ਜ਼ਿਆਦਾ ਸਮਾਂ ਪਾਣੀ ਨਾ ਖੜ੍ਹਣ ਦਿੱਤਾ ਜਾਵੇ। ਇਸ ਦੌਰਾਨ ਨਗਰ ਸਿੱਧਵਾਂ ਬੇਟ ਦੇ ਕਈ ਮੁਹੱਲਿਆਂ ਵਿਚ ਜਾ ਕੇ ਮੱਛਰ ਮਾਰਨ ਵਾਲੀ ਦਵਾਈ ਦਾ ਛਿੜਕਾਅ ਵੀ ਕੀਤਾ ਗਿਆ। ਇਸ ਮੌਕੇ ਡਾ: ਅੰਕਿਤਾ, ਸਿਹਤ ਇੰਸਪੈਕਟਰ ਬਲਦੇਵ ਸਿੰਘ, ਸਿਹਤ ਇੰਸ: ਰਾਜਪਾਲ ਸਿੰਘ, ਬਲਦੇਵ ਸਿੰਘ, ਹਰਪਾਲ ਕੌਰ, ਜਸਪਾਲ ਸਿੰਘ, ਈਸ਼ਰ ਸਿੰਘ ਆਦਿ ਹਾਜ਼ਰ ਸਨ।

ਹੈਲੋਵੀਨ ਵਰਗੇ ਤਿਉਹਾਰ ਮਨਾਉਣ ਵਾਲੇ ਸਕੂਲ ਪੰਜਾਬ ਦੀ ਵਿਰਾਸਤ ਨੂੰ ਨਾ ਭੁੱਲਣ-ਪ੍ਰਿੰਸੀਪਲ ਬਾਵਾ

ਪ੍ਰਿੰਸੀਪਲ ਬਲਦੇਵ ਬਾਵਾ

ਚੌਂਕੀਮਾਨ, 28 ਅਕਤੂਬਰ (ਤੇਜਿੰਦਰ ਸਿੰਘ ਚੱਢਾ)-ਪੰਜਾਬ ਦੇ ਸਕੂਲਾਂ ਵਿਚ ਆਏ ਦਿਨ ਹੈਲੋਵੀਨ ਵਰਗੇ ਤਿਉਹਾਰ ਮਨਾਉਣ ਦੀਆਂ ਖ਼ਬਰਾਂ ਆ ਰਹੀਆਂ ਹਨ। ਜਦਕਿ ਹੈਲੋਵੀਨ ਦਾ ਤਿਉਹਾਰ ਸਾਡੇ ਵਿਰਸੇ ਦਾ ਹਿੱਸਾ ਨਹੀਂ, ਸਕੂਲਾਂ ਵਿਚ ਅਜਿਹੇ ਵਿਦੇਸ਼ੀ ਤਿਉਹਾਰ ਮਨਾ ਕੇ ਆਉਣ ਵਾਲੀ ਪੀੜ੍ਹੀ ਦੀ ਮਾਨਸਿਕਤਾ ਨੂੰ ਗਲਤ ਦਿਸ਼ਾ ਦਿੱਤੀ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬਲਦੇਵ ਬਾਵਾ ਪ੍ਰਿੰਸੀਪਲ ਐੱਮ.ਐੱਲ.ਡੀ. ਸਕੂਲ ਤਲਵੰਡੀ ਕਲਾਂ ਨੇ ਕਿਹਾ ਕਿ ਅਸੀਂ ਪੰਜਾਬ ਦੀ ਧਰਤੀ ਉੱਪਰ ਜਨਮ ਲਿਆ ਹੈ ਅਤੇ ਸਾਨੂੰ ਪੰਜਾਬ, ਪੰਜਾਬੀ ਅਤੇ ਪੰਜਾਬੀਅਤ 'ਤੇ ਮਾਣ ਹੋਣਾ ਚਾਹੀਦਾ ਹੈ। ਪੰਜਾਬ ਦੀ ਅਮੀਰ ਵਿਰਾਸਤ ਬਹੁਤ ਵਿਸ਼ਾਲ ਹੈ। ਆਏ ਦਿਨ ਮਹੱਤਵਪੂਰਨ ਤਿਉਹਾਰ ਆਉਂਦੇ ਹਨ। ਜਿੰਨ੍ਹਾਂ ਦਾ ਸਬੰਧ ਪੰਜਾਬ ਦੀ ਧਰਤੀ, ਪੰਜਾਬ ਦੀ ਵਿਰਾਸਤ, ਪੰਜਾਬ ਦੇ ਸੱਭਿਆਚਾਰ ਨਾਲ ਹੁੰਦਾ ਹੈ। ਸਾਨੂੰ ਆਪਣੇ ਸੱਭਿਆਚਾਰ ਦੇ ਤਿਉਹਾਰ ਵੱਧ-ਚੜ੍ਹਕੇ ਮਨਾਉਣਾ ਚਾਹੀਦੇ ਹਨ ਤਾਂ ਜੋ ਆਪਣੀ ਵਿਰਾਸਤ ਦੇ ਸੰਸਕਾਰ ਅਤੇ ਸੱਭਿਆਚਾਰ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਦੇ ਸਕੀਏ। ਅਸੀਂ ਆਪਣੇ ਸੱਭਿਆਚਾਰ ਤੋਂ ਬੇਮੁੱਖ ਹੋ ਕੇ ਹੈਲੋਵੀਨ ਵਰਗੇ ਤਿਉਹਾਰ ਪੰਜਾਬ ਦੀ ਪਵਿੱਤਰ ਧਰਤੀ 'ਤੇ ਮਨਾ ਕੇ ਆਪਣੀ ਵਿਰਾਸਤ ਨੂੰ ਭੁੱਲ ਰਹੇ ਹਾਂ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਅਜਿਹੇ ਮੱਧ ਵਰਗ ਦੇ ਪੰਜਾਬੀ ਮੂਲ ਦੇ ਸਕੂਲਾਂ ਵਿਚ ਹੀ ਭੇਜਣ ਜਿੱਥੇ ਉਨ੍ਹਾਂ ਦੇ ਵਿੱਦਿਅਕ ਵਿਕਾਸ ਦੇ ਨਾਲ-ਨਾਲ ਪੰਜਾਬ ਦੇ ਵਿਰਸੇ ਤੇ ਸੱਭਿਆਚਾਰ ਨੂੰ ਤਰਜੀਹ ਹੋਵੇ।

ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਪਬਲਿਕ ਸਕੂਲ ਕਮਾਲਪੁਰਾ ਵਿਖੇ ਕਰਵਾਏ ਧਾਰਮਿਕ ਸਮਾਗਮ ਸਮੇਂ ਦੀ ਤਸਵੀਰ। ਤਸਵੀਰ: ਬਲਵਿੰਦਰ ਸਿੰਘ ਲਿੱਤਰ

ਗੁਰੂ ਗ੍ਰੰਥ ਸਾਹਿਬ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ

ਰਾਏਕੋਟ, 28 ਅਕਤੂਬਰ (ਬਲਵਿੰਦਰ ਸਿੰਘ ਲਿੱਤਰ)-ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਪਬਲਿਕ ਸਕੂਲ ਕਮਾਲਪੁਰਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਇਹ ਸਮੁੱਚਾ ਸਮਾਗਮ ਸਕੂਲ ਪ੍ਰਿੰਸੀਪਲ ਮੈਡਮ ਪੂਨਮ ਸਿੱਧੂ ਦੀ ਅਗਵਾਈ ਹੇਠ ਸੰਪੰਨ ਹੋਇਆ। ਜਿਸ ਦੀ ਸ਼ੁਰੂਆਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਸ੍ਰੀ ਜਪੁਜੀ ਸਾਹਿਬ ਦੇ ਪਾਠ ਨਾਲ ਹੋਈ, ਉਪਰੰਤ ਸ਼ਬਦ ਕੀਰਤਨ ਤੇ ਗੁਰਮਤਿ ਵਿਚਾਰਾਂ ਹੋਈਆਂ। ਇਸ ਮੌਕੇ ਪ੍ਰਿੰਸੀਪਲ ਮੈਡਮ ਪੂਨਮ ਸਿੱਧੂ ਨੇ ਸੰਬੋਧਨ ਕਰਦਿਆਂ ਆਖਿਆ ਕਿ ਸਿੱਖ ਧਰਮ ਤੇ ਇਤਿਹਾਸ ਸੰਬੰਧੀ ਬੱਚਿਆਂ ਨੂੰ ਜਾਗਰੂਕ ਕਰਨ ਦੇ ਮਕਸਦ ਤਹਿਤ ਇਹ ਉਪਰਾਲਾ ਕੀਤਾ ਗਿਆ ਹੈ। ਜਿਸ ਵਿਚ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੁਆਰਾ ਮਾਨਵਤਾ ਦੇ ਸਰਬਸਾਂਝੇ ਸੰਦੇਸ਼ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਤੋਂ ਲਾਹਾ ਲੈ ਕੇ ਆਪਣਾ ਜੀਵਨ ਸਫ਼ਲਾ ਬਣਾਉਣ ਸਬੰਧੀ ਪ੍ਰੇਰਿਤ ਕੀਤਾ ਹੈ। ਸਮਾਗਮ ਦੌਰਾਨ ਸਕੂਲ ਦੇ ਸੁਪਰਵਾਈਜ਼ਰ ਅਵਤਾਰ ਸਿੰਘ ਚੀਮਾ, ਸ਼ੇਰ ਸਿੰਘ ਹੰਸਰਾ ਸਮੇਤ ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਝਾੜ ਘੱਟ ਨਿਕਲਣ 'ਤੇ ਕਿਸਾਨਾਂ ਲਈ ਬੋਨਸ ਦੇਣ ਦਾ ਐਲਾਨ ਕਰੇ ਸਰਕਾਰ -ਤਲਵਾੜਾ/ਜੰਡੀ

ਪ੍ਰਧਾਨ ਰਛਪਾਲ ਸਿੰਘ ਤਲਵਾੜਾ ਅਤੇ ਪ੍ਰਧਾਨ ਅਜਮੇਰ ਸਿੰਘ ਖ਼ਾਲਸਾ ਜੰਡੀ

ਸਿੱਧਵਾਂ ਬੇਟ, 28 ਅਕਤੂਬਰ (ਜਸਵੰਤ ਸਿੰਘ ਸਲੇਮਪੁਰੀ)-ਮਾਰਕੀਟ ਕਮੇਟੀ ਸਿੱਧਵਾਂ ਬੇਟ ਦੇ ਸਾਬਕਾ ਚੇਅਰਮੈਨ ਤੇ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਤਲਵਾੜਾ ਦੇ ਪ੍ਰਧਾਨ ਰਛਪਾਲ ਸਿੰਘ ਤਲਵਾੜਾ ਅਤੇ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸਭਾ ਜੰਡੀ ਦੇ ਪ੍ਰਧਾਨ ਅਜਮੇਰ ਸਿੰਘ ਛੀਨਾ ਜੰਡੀ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸੂਬੇ ਵਿਚ ਹੋਈਆਂ ਬਰਸਾਤਾਂ ਦੇ ਨਾਲ-ਨਾਲ ਆਏ ਤੇਜ਼ ਤੂਫ਼ਾਨਾਂ ਨੇ ਸਾਉਣ ਦੀ ਮੁੱਖ ਫ਼ਸਲ ਝੋਨੇ ਨੂੰ ਤਹਿਸ-ਨਹਿਸ ਕਰ ਦਿੱਤਾ, ਜਿਸ ਦੀ ਬਦੌਲਤ ਝੋਨੇ ਦਾ ਝਾੜ ਪਿਛਲੇ ਸਾਲਾਂ ਨਾਲੋਂ 8 ਤੋਂ 10 ਕੁਇੰਟਲ ਘੱਟ ਨਿਕਲ ਰਿਹਾ ਹੈ। ਇਸ ਲਈ ਸੂਬਾ ਸਰਕਾਰ ਤੁਰੰਤ ਕਿਸਾਨਾਂ ਨੂੰ ਢੁਕਵਾਂ ਬੋਨਸ ਦੇ ਕੇ ਰਾਹਤ ਦੇਵੇ ਤਾਂ ਜੋ ਕਿਸਾਨ ਆਰਥਿਕ ਪੱਖੋਂ ਹੋਰ ਕਮਜ਼ੋਰ ਨਾ ਹੋ ਸਕੇ। ਉਨ੍ਹਾਂ ਇਹ ਵੀ ਆਖਿਆ ਕਿ ਕਿਸਾਨਾਂ ਵਲੋਂ ਖੇਤੀ ਧੰਦੇ ਲਈ ਲਈਆਂ ਲਿਮਟਾਂ ਦਾ ਵਿਆਜ਼ ਵੀ ਮੁਆਫ਼ ਕਰੇ ਅਤੇ ਕਰਜ਼ਿਆਂ ਦੀ ਅਦਾਇਗੀ ਨੂੰ ਹਾੜ੍ਹੀ ਦੇ ਸੀਜ਼ਨ ਤੱਕ ਅੱਗੇ ਪਾਵੇ। ਉਨ੍ਹਾਂ ਕਿਸਾਨਾਂ ਵਲੋਂ ਆਪਣੀ ਹਾੜ੍ਹੀ ਦੀ ਫ਼ਸਲ ਕਣਕ ਦੀ ਬਿਜਾਈ ਲਈ ਖ਼ਰੀਦੀ ਜਾ ਰਹੀ ਡੀ.ਏ.ਪੀ. ਖਾਦ ਦੇ ਨਾਲ ਹੋਰ ਵਾਧੂ ਸਮਾਨ ਦਿੱਤੇ ਜਾਣ ਦੀ ਸਖ਼ਤ ਆਲੋਚਨਾ ਕਰਦੇ ਹੋਏ ਮੰਗ ਕੀਤੀ ਕਿ ਸਰਕਾਰ ਸਹਿਕਾਰੀ ਖੇਤੀਬਾੜੀ ਸਭਾਵਾਂ 'ਚ ਡੀ.ਏ.ਪੀ. ਖਾਦ ਦਾ ਵੱਡਾ ਸਟਾਕ ਭੇਜਣ ਦਾ ਪ੍ਰਬੰਧ ਵੀ ਕਰੇ।

ਡੀਪੂ ਹੋਲਡਰਾਂ ਨੇ ਕੀਤੀ ਕਮਿਸ਼ਨ ਜਾਰੀ ਕਰਨ ਦੀ ਮੰਗ

ਡੀਪੂ ਹੋਲਡਰ ਗੱਲਬਾਤ ਕਰਦੇ ਹੋਏ। ਤਸਵੀਰ: ਭੁਪਿੰਦਰ ਸਿੰਘ ਮੁਰਲੀ

ਜਗਰਾਉਂ, 28 ਅਕਤੂਬਰ (ਸ਼ਮਸ਼ੇਰ ਸਿੰਘ ਗਾਲਿਬ)-ਪਿਛਲੇ 6 ਮਹੀਨੇ ਤੋਂ ਕਮਿਸ਼ਨ ਨਾ ਮਿਲਣ ਕਾਰਨ ਡੀਪੂ ਹੋਲਡਰਾਂ ਨੇ ਕਾਲੀ ਦੀਵਾਲੀ ਮਨਾਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਜਸਵੰਤ ਸਿੰਘ, ਨਿਰਭੈ ਸਿੰਘ ਸ਼ਹਿਰੀ ਪ੍ਰਧਾਨ ਤੇ ਕਰਨੈਲ ਸਿੰਘ ਬਲਾਕ ਪ੍ਰਧਾਨ ਸਿੱਧਵਾਂ ਬੇਟ ਨੇ ਦੱਸਿਆ ਕਿ ਉਹ ਪਿਛਲੇ 6 ਮਹੀਨੇ ਤੋਂ ਕਮਿਸ਼ਨ ਨਾ ਮ